## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 19-09-2025**

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਏ ਕਿ ਟਰੈਕਟਰਾਂ ਤੇ ਖੇਤੀ ਉਪਕਰਣਾਂ 'ਤੇ ਜੀ.ਐਸ.ਟੀ. ਦਰਾਂ ਵਿਚ ਕਟੌਤੀ ਕਿਸਾਨਾਂ ਤੱਕ ਸਿੱਧੀ ਪਹੁੰਚਣੀ ਚਾਹੀਦੀ ਏ। ਨਵੀਂ ਦਿੱਲੀ ਵਿਖੇ ਖੇਤੀਬਾੜੀ ਮਸ਼ੀਨਰੀ ਤੇ ਉਪਕਰਣਾਂ ਦੇ ਪ੍ਰਤੀਨਿਧੀਆਂ ਨਾਲ ਇਕ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਸ਼੍ਰੀ ਚੌਹਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੀ.ਐਸ.ਟੀ. ਨੂੰ 12 ਜਾਂ 18 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰਨ ਨਾਲ ਟਰੈਕਟਰ ਤੇ ਮਸ਼ੀਨਰੀ ਕਾਫ਼ੀ ਸਸਤੀ ਹੋ ਜਾਵੇਗੀ। ਸ਼੍ਰੀ ਚੌਹਾਨ ਨੇ ਅੱਗੇ ਕਿਹਾ ਕਿ ਇਸ ਕਦਮ ਨਾਲ ਵੱਖ-ਵੱਖ ਟਰੈਕਟਰ ਸ਼੍ਰੇਣੀਆਂ ਵਿਚ 23 ਹਜ਼ਾਰ ਤੋਂ 63 ਹਜ਼ਾਰ ਰੁਪਏ ਤੱਕ ਦੀਆਂ ਕੀਮਤਾਂ ਵਿਚ ਮਹੱਤਵਪੂਰਨ ਕਟੌਤੀ ਹੋਵੇਗੀ। ਮੀਡੀਆ ਨੂੰ ਸੰਬੋਧਨ ਕਰਦੇ ਹੋਏ, ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਜੀ.ਐਸ.ਟੀ. ਕਟੌਤੀ ਦਾ ਲਾਭ ਸਿੱਧੇ ਤੌਰ 'ਤੇ ਕਿਸਾਨਾਂ ਨੂੰ ਮਿਲਣਾ

ਚਾਹੀਦਾ ਏ । ਉਨ੍ਹਾਂ ਕਿਹਾ ਕਿ ਇਹ ਲਾਭ ਛੋਟਾ ਨਹੀਂ ਸਗੋਂ ਮਹੱਤਵਪੂਰਨ ਏ ਤੇ ਕਿਸਾਨਾਂ ਦੀ ਆਮਦਨ ਵਿੱਚ ਫ਼ਰਕ ਪਾਵੇਗਾ।

--------------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਵਿਚ ਹੜ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਲਈ 26 ਤੋਂ 29 ਸਤੰਬਰ ਤੱਕ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਉਣ ਦਾ ਫੈਸਲਾ ਕੀਤਾ ਏ। ਇਸ ਬਾਰੇ ਮੁੱਖ ਮੰਤਰੀ ਨੇ ਕਿਹਾ ਏ ਕਿ ਇਹ ਵਿਸੇਸ ਇਜਲਾਸ  ਹਾਲ ਹੀ ਵਿੱਚ ਹੜਾਂ ਨਾਲ ਹੋਏ ਨੁਕਸਾਨ ਨਾਲ ਸਬੰਧਤ ਨਿਯਮਾਂ ਵਿੱਚ ਕਈ ਲੋਕ-ਪੱਖੀ ਸੋਧਾਂ ਪੇਸ ਕਰਨ ‘ਤੇ ਕੇਂਦ੍ਰਿਤ ਹੋਵੇਗਾ । ਉਨਾਂ ਕਿਹਾ ਕਿ ਹੜ ਪੀੜਤਾਂ ਲਈ ਮੁਆਵਜੇ ਸਬੰਧੀ ਨਵੇਂ ਕਾਨੂੰਨ ਵੀ ਸਦਨ ਵਿੱਚ ਪੇਸ ਕੀਤੇ ਜਾਣਗੇ ਤੇ ਮਨਜੂਰੀ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਜੋਰ ਦੇ ਕੇ ਕਿਹਾ ਕਿ ਇਸ ਇਜਲਾਸ  ਦੌਰਾਨ ਲਏ ਗਏ ਫੈਸਲੇ ਹੜ ਪ੍ਰਭਾਵਿਤ ਨਾਗਰਿਕਾਂ ਨੂੰ ਕਾਫੀ ਰਾਹਤ ਪ੍ਰਦਾਨ ਕਰਨਗੇ। ਉਨਾਂ  ਇਸ ਗੰਭੀਰ ਸੰਕਟ ਦੌਰਾਨ ਪੰਜਾਬ ਦੇ ਲੋਕਾਂ, ਖਾਸ ਕਰਕੇ ਹੜਾਂ ਤੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

--------------------------------------------------------------------------------

ਕੇਂਦਰੀ ਸਹਿਕਾਰਤਾ ਰਾਜ ਮੰਤਰੀ ਸ੍ਰੀ ਕ੍ਰਿਸ਼ਨਪਾਲ ਗੁਰਜਰ ਵਲੋਂ ਰੂਪਨਗਰ ਦੇ ਘਾੜ੍ਹ ਇਲਾਕੇ  ਵਿੱਚ ਹੜ੍ਹਾਂ ਦੌਰਾਨ ਹੋਏ ਨੁਕਸਾਨ ਦਾ

ਜਾਇਜ਼ਾ ਲਿਆ। ਬਾਅਦ ਵਿਚ ਇਕ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਕਿਹਾ ਕਿ ਹੜਾਂ ਦੇ ਨੁਕਸਾਨ ਦਾ ਮੁਲਾਂਕਣ ਕਰ ਕੇ ਪੰਜਾਬ ਸਰਕਾਰ ਜਦੋਂ ਵੀ ਪੂਰੀ ਰਿਪੋਰਟ ਭੇਜੇਗੀ ਕੇਂਦਰ ਸਰਕਾਰ ਨੁਕਸਾਨ ਦੀ ਪੂਰਤੀ ਲਈ ਹੋਰ ਪੈਸਾ ਭੇਜੇਗੀ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਵਲੋਂ ਐਲਾਨਿਆ ਗਿਆ 1600 ਕਰੋੜ ਰੁਪਏ ਇਕ ਫੌਰੀ ਰਾਹਤ ਵਜੋਂ ਏ। ਉਨਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਭੇਜਿਆ ਆਫਤ ਪ੍ਰਬੰਧਨ ਦਾ 12 ਹਜ਼ਾਰ ਕਰੋੜ ਰੁਪਏ ਜੇਕਰ ਪੰਜਾਬ ਸਰਕਾਰ ਸਹੀ ਸਮੇਂ ਤੇ ਸਹੀ ਥਾਂ ਤੇ ਇਸਤੇਮਾਲ ਕਰਦੀ ਤਾਂ ਹੜਾਂ ਦੇ ਕਰਕੇ ਨੁਕਸਾਨ ਕਾਫੀ ਘੱਟ ਹੋਣਾ ਸੀ।

BYTE

ਉਨ੍ਹਾਂ ਇਹ ਵੀ ਕਿਹਾ ਕਿ ਨੁਕਸਾਨ ਦੇ ਵਿੱਚ ਇਕ ਵੱਡਾ ਰੋਲ ਪੰਜਾਬ ਵਿਚ ਕੀਤੀ ਜਾ ਰਹੀ ਨਜਾਇਜ਼ ਮਾਈਨਿੰਗ ਦਾ ਵੀ ਰਿਹਾ ਏ।

BYTE

-------------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਮੁਹਾਲੀ ਤੋਂ ਹੜ੍ਹਾਂ ਲਈ ਤਿੰਨ ਮੋਬਾਈਲ ਮੈਡੀਕਲ ਵੈਨਾਂ ਨੂੰ ਰਵਾਨਾ ਕੀਤਾ। ਇਹ ਵੈਨਾਂ ਸਮੁੱਚੇ ਪੰਜਾਬ ਦੇ ਹੜ੍ਹ ਪ੍ਰਭਾਵਿਤ

ਇਲਾਕਿਆਂ ਵਿਚ ਜਾਣਗੀਆਂ ਤੇ ਸਿਹਤ ਸੇਵਾਵਾਂ ਮੁਹਈਆ ਕਰਵਾਉਣਗੀਆਂ। ਇਸ ਮੌਕੇ ਮੀਡੀਆ ਨਾਲ ਗੱਲਬਾਤ ਚ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਹ ਵੈਨਾਂ ਪੰਜਾਬ ਦੇ ਹੜ੍ਹ ਮਾਰੇ 45 ਇਲਾਕਿਆਂ ਵਿਚ ਜਾਣਗੀਆਂ ਤੇ ਇਲਾਜ ਦੇ ਨਾਲ-ਨਾਲ ਮੁਫ਼ਤ ਦਵਾਈਆਂ ਵੀ ਦੇਣਗੀਆਂ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਆਪ ਸਰਕਾਰ ਹੜ੍ਹ ਪੀੜਿਤਾਂ ਦੀ ਪੂਰੀ ਮਦਦ ਕਰ ਰਹੀ ਏ ਤੇ ਨਿੱਜੀ ਤੌਰ ਤੇ ਵੀ ਮੁਹਾਲੀ ਦੇ ਲੋਕ ਵੀ ਆਪਣਾ ਯੋਗਦਾਨ ਪਾ ਕੇ ਮਾਨਵਤਾ ਦੀ ਸੇਵਾ ਵਿੱਚ ਲੱਗੇ ਹੋਏ ਨੇ।

--------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਹੜ ਪ੍ਰਭਾਵਿਤ ਪਿੰਡਾਂ ਨੂੰ ਲੀਹ ‘ਤੇ ਲਿਆਉਣ ਲਈ ਯਤਨ ਤੇਜ਼ ਕਰ ਦਿੱਤੇ ਨੇ। ਪਿਛਲੇ 4 ਦਿਨਾਂ ਵਿੱਚ ਪਿੰਡਾਂ ਦੀ ਸਫਾਈ ਤੇ ਗਾਰ ਕੱਢਣ ‘ਤੇ 10.21 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਨੇ। ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਹੜਾਂ ਦੌਰਾਨ ਮਰੇ ਪਸ਼ੂਆਂ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕੀਤਾ ਜਾ ਰਿਹਾ ਏ। ਉਨਾਂ ਦੱਸਿਆ ਕਿ ਵੱਖ-ਵੱਖ ਪਿੰਡਾਂ ਵਿੱਚ 259 ਪਸ਼ੂਆਂ ਦੇ ਨਿਪਟਾਰੇ ‘ਤੇ 17.54 ਲੱਖ ਰੁਪਏ ਖਰਚ ਕੀਤੇ ਜਾ ਚੁੱਕੇ ਨੇ। ਸੌਂਦ ਨੇ ਕਿਹਾ ਕਿ ਮਲਬੇ ਦੀ ਸਫਾਈ ਤੇ ਪਸ਼ੂ ਲਾਸ਼ਾਂ ਦਾ

ਨਿਪਟਾਰਾ 24 ਸਤੰਬਰ ਤੱਕ ਕਰ ਲਿਆ ਜਾਵੇਗਾ । ਇਸ ਤੋਂ ਇਲਾਵਾ ਛੱਪੜਾਂ ਦੀ ਸਾਫ ਸਫਾਈ 22 ਅਕਤੂਬਰ ਤੱਕ ਹੋਵੇਗੀ ।

----------------------------------------------------------------------------

ਜ਼ਿਲ੍ਹਾ ਪੱਧਰੀ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵੱਲੋਂ ਅੱਜ ਨਕੋਦਰ ਵਿਖੇ ਦੋ ਧਾਰਮਿਕ ਸਥਾਨਾਂ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਭੀਖ ਮੰਗਦੀਆਂ 3 ਬੱਚੀਆਂ ਨੂੰ ਬਚਾਇਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਨੇ ਦੱਸਿਆ ਕਿ ਜੀਵਨਜੋਤ ਪ੍ਰਾਜੈਕਟ ਤਹਿਤ ਕੀਤੀ ਚੈਕਿੰਗ ਦੌਰਾਨ ਛੁਡਾਈਆਂ ਗਈਆਂ ਲੜਕੀਆਂ ਦੀ ਉਮਰ 8-14 ਸਾਲ ਦੇ ਕਰੀਬ ਏ । ਉਨ੍ਹਾਂ ਦੱਸਿਆ ਕਿ ਇਨ੍ਹਾਂ ਲੜਕੀਆਂ ਦਾ ਮੈਡੀਕਲ ਕਰਵਾਇਆ ਗਿਆ, ਜਿਸ ਤੋਂ ਬਾਅਦ ਇਨ੍ਹਾਂ ਨੂੰ ਬਾਲ ਭਲਾਈ ਕਮੇਟੀ ਅੱਗੇ ਪੇਸ਼ ਕਰਨ ਉਪਰੰਤ ਚਿਲਡਰਨ ਹੋਮ ਗਾਂਧੀ ਵਾਨਿਤਾ ਆਸ਼ਰਮ ਵਿਖੇ ਸ਼ੈਲਟਰ ਪ੍ਰਦਾਨ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਬੱਚੀਆਂ ਦੇ ਮਾਪਿਆਂ ਦੇ ਬਾਲ ਭਲਾਈ ਕਮੇਟੀ ਅੱਗੇ ਪੇਸ਼ ਹੋਣ ਤੋਂ ਬਾਅਦ ਅਗਲੇਰੀ ਕਾਰਵਾਈ ਆਰੰਭੀ ਜਾਵੇਗੀ ।

----------------------------------------------------------------------------